# ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:2

## ਲੋਕ ਨਿਰਮਾਣ ਵਿਭਾਗ (ਭ ਤੇ ਮ) ਸ਼ਾਖਾ, ਬਠਿੰਡਾ।

ਫੋਨ ਅਤੇ ਫੈਕਸ: 0164-2212428 email: - xenc2bti@gmail.com


ਮੀਮੋਂ ਨੰ: 907 ਮਿਤੀ: 28/04/25

ਵੱਲ,

Principal
BGN Adarsh Public School,
Shergarh (Bathinda)

**ਵਿਸ਼ਾ** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ (ਸਾਲ 2025-26)**

ਉਪਰੋਕਤ ਵਿਸ਼ੇ ਅਤੇ ਹਵਾਲੇ ਅਧੀਨ ਪੱਤਰ ਰਾਹੀਂ ਆਪ ਵੱਲੋਂ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਕੇਸ ਸਾਲ 2025-26 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜੁਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣ ਅਤੇ ਸ਼ਰਤਾਂ ਅਧੀਨ ਸਾਲ 2025-26 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2026 ਤੱਕ ਜਾਰੀ ਕੀਤਾ ਜਾਂਦਾ ਹੈ:-

1 ਸਕੂਲ ਕੋਲ ਕਿਸੇ ਅਣਸੁਖਾਵੀ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।

2 ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3 ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4 ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5 ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੇ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।

6 Sandeep Singh Romana ਵੱਲੋਂ ਪੱਤਰ ਨੰ. 11/0425 ਮਿਤੀ 02.04.2025 ਨੂੰ ਸਟਰਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2025-26 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ. ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

7 ਸਕੂਲ ਦੇ ਸਟਾਫ ਮੈਂਬਰਾਂ ਨੂੰ ਉੱਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿਚ ਐਮਰਜੈਂਸੀ ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

8 ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰ: 1744760 ਰਾਹੀਂ ਪੰਜ ਹਜ਼ਾਰ ਰੁਪਏ (5,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ।

9 ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਨੱਥੀ/ਕੇਸ

ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।

ਪਿੱਠ ਅੰਕਣ:-....................... ਮਿਤੀ:-.......................

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ,ਉਸਾਰੀ ਉਪ ਮੰਡਲ ਨੰ.3 ਭਤੇਮ ਸ਼ਾਖਾ, ਬਠਿੰਡਾ ਨੂੰ ਉਹਨਾਂ ਦੇ ਪੱਤਰ ਨੰ. 876 ਮਿਤੀ 28.04.2025 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

—ਸਹੀ—
ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।